# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨੇ ਅੱਜ ਫਰਾਂਸ ਦੇ ਮਾਰਸੇ ਵਿੱਚ, ਪਹਿਲੇ ਭਾਰਤੀ ਕੌਂਸਲੇਟ ਦਾ ਉਦਘਾਟਨ ਕੀਤਾ।
- ਪੰਜਾਬ ਵਿਜੀਲੈਂਸ ਬਿਊਰੋ ਨੇ ਸਾਲ 2016-17 ਵਿੱਚ ਮੋਹਾਲੀ ਜ਼ਿਲੇ ਦੇ ਪਿੰਡ ਬਾਕਰਪੁਰ ਵਿੱਚ ਹੋਏ 'ਅਮਰੂਦ ਬਾਗ ਘੁਟਾਲੇ' ਦੇ ਸਹਿ-ਮੁਲਜ਼ਮ ਸੁਖਦੇਵ ਸਿੰਘ ਨੂੰ ਕੀਤਾ ਗ੍ਰਿਫ਼ਤਾਰ।
- ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਸ੍ਰੀ ਗੁਰੂ ਰਵਿਦਾਸ ਜੀ ਦਾ 648ਵਾਂ ਪ੍ਰਕਾਸ਼ ਪੁਰਬ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ- ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਵਧਾਈ ਦਿੱਤੀ।

- ਇਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਜਲੰਧਰ ’ਚ - ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਨੂੰ 25 ਲੱਖ ਰੁਪਏ ਦੇਣ ਦਾ ਕੀਤਾ ਐਲਾਨ।
- ਪਟਿਆਲਾ ਵਿਚ ਕੱਲ ਤੋਂ ਸ਼ੁਰੂ ਹੋਣ ਜਾ ਰਹੇ ਪਟਿਆਲਾ ਵਿਰਾਸਤੀ ਮੇਲੇ ਅਤੇ 14 ਫਰਵਰੀ ਤੋਂ ਸ਼ੀਸ਼ ਮਹਿਲ ਵਿਖੇ ਲੱਗਣ ਵਾਲੇ ਸਰਸ ਮੇਲੇ ਦੀਆਂ ਤਿਆਰੀਆਂ ਮੁਕੰਮਲ। ਅਤੇ
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5 ਨਸ਼ਾ ਤਸਕਰਾਂ ਨੂੰ 2 ਕਿਲੋ ਤੋਂ ਵੱਧ ਹੈਰੋਇਨ, ਡਰੱਗ ਮਨੀ ਅਤੇ ਇਕ ਪਿਸਤੌਲ ਸਮੇਤ ਕੀਤਾ ਕਾਬੂ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨੇ ਅੱਜ ਦੁਪਹਿਰ ਨੂੰ ਇਤਿਹਾਸਕ ਫਰਾਂਸੀਸੀ ਸ਼ਹਿਰ, ਮਾਰਸੇ ਵਿੱਚ, ਪਹਿਲੇ ਭਾਰਤੀ Consulate ਦਾ ਉਦਘਾਟਨ ਕੀਤਾ। ਇਸ ਤੋਂ ਪਹਿਲਾਂ ਦਿਨੇ, ਦੋਹਾਂ ਨੇਤਾਵਾਂ ਨੇ ਸ਼ਹਿਰ 'ਚ ਭਾਰਤੀ ਭਾਈਚਾਰੇ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਮਜ਼ਾਰ-ਗਸ ਵਾਰ ਸਮੇਟੇਰੀ

ਵਿਖੇ ਪਹਿਲੇ ਅਤੇ ਦੂਜੇ ਵਿਸ਼ਵ ਯੁੱਧ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਭਾਰਤੀ ਸੈਨਿਕਾਂ ਨੂੰ ਵੀ ਸ਼ਰਧਾਂਜਲੀ ਦਿੱਤੀ । ਕਾਮਨਵੈਲਥ ਵਾਰ ਗ੍ਰੇਵਜ਼ ਕਮਿਸ਼ਨ ਵਲੋਂ ਪ੍ਰਬੰਧਿਤ, ਇਹ ਸਮੇਟਰੀ, ਇੱਕ ਹਜ਼ਾਰ 700 ਤੋਂ ਵੱਧ ਸੈਨਿਕਾਂ ਦਾ ਅੰਤਮ ਸਥਾਨ ਏ । ਸ੍ਰੀ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਮੈਕਰੋਨ ਪੈਰਿਸ ਵਿੱਚ, ਉੱਚ ਪੱਧਰੀ ਸਮਾਗਮਾਂ ਦੀ ਇੱਕ ਲੜੀ ਦੀ ਸਮਾਪਤੀ ਤੋਂ ਬਾਅਦ ਅੱਜ ਸਵੇਰੇ ਮਾਰਸਿਲੇ ਪਹੁੰਚੇ। ਮਾਰਸਿਲੇ ਵਿੱਚ ਭਾਰਤੀ ਭਾਈਚਾਰੇ ਨੇ ਉਨ੍ਹਾਂ ਦਾ ਨਿੱਘਾ ਅਤੇ ਸਵਾਗਤ ਕੀਤਾ। ਫਰਾਂਸ ਵਿੱਚ ਆਪਣੀ ਯਾਤਰਾ ਖਤਮ ਹੋਣ ਤੋਂ ਬਾਅਦ, ਪ੍ਰਧਾਨ ਮੰਤਰੀ ਮੋਦੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਸੱਦੇ 'ਤੇ ਅਮਰੀਕਾ ਦੇ ਦੋ ਦਿਨਾਂ ਦੌਰੇ ਲਈ ਰਵਾਨਾ ਹੋਣਗੇ।

--------------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸਾਲ 2016-17 ਵਿੱਚ ਮੋਹਾਲੀ ਜ਼ਿਲੇ ਦੇ ਪਿੰਡ ਬਾਕਰਪੁਰ ਵਿੱਚ ਹੋਏ 'ਅਮਰੂਦ ਬਾਗ ਘੁਟਾਲੇ' ਦੇ ਸਹਿ-ਮੁਲਜ਼ਮ ਸੁਖਦੇਵ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਏ, ਜਿਸ ਨੇ ਸਰਕਾਰੀ ਮੁਲਾਜ਼ਮਾਂ ਅਤੇ ਹੋਰਨਾਂ ਨਾਲ ਮਿਲੀ-ਭੁਗਤ ਕਰਕੇ ਧੋਖਾਧੜੀ ਰਾਹੀਂ ਆਪਣੇ ਅਤੇ

ਆਪਣੀ ਪਤਨੀ ਦੇ ਖਾਤਿਆਂ ਵਿੱਚ ਲਗਭਗ 12 ਕਰੋੜ ਰੁਪਏ ਦਾ ਮੁਆਵਜ਼ਾ ਪ੍ਰਾਪਤ ਕੀਤਾ ਸੀ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸੁਖਦੇਵ ਸਿੰਘ ਨੇ ਧੋਖਾਧੜੀ, ਜਾਅਲਸਾਜ਼ੀ ਅਤੇ ਸਰਕਾਰੀ ਰਿਕਾਰਡ ਨਾਲ ਛੇੜਖਾਨੀ ਕਰਕੇ, ਇਸ ਅਪਰਾਧਿਕ ਸਾਜ਼ਿਸ਼ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਕਰੋੜਾਂ ਦਾ ਨੁਕਸਾਨ ਪਹੁੰਚਿਆ ਅਤੇ ਮੁਲਜ਼ਮਾਂ ਨੇ ਰਿਸ਼ਵਤ ਰਾਹੀਂ ਗੈਰ-ਕਾਨੂੰਨੀ ਵਿੱਤੀ ਲਾਭ ਵੀ ਹਾਸਲ ਕੀਤਾ। ਹੋਰ ਵੇਰਵੇ ਨਾਲ ਇਕ ਰਿਪੋਰਟ :,

ਵਿਜੀਲੈਂਸ ਬਿਓਰੋ ਨੀ ਦੱਸਿਆ ਏ ਕਿ ਮੋਹਾਲੀ ਵਿੱਚ ਏਅਰੋਟ੍ਰੋਪੋਲਿਸ ਪ੍ਰੋਜੈਕਟ ਲਈ ਜ਼ਮੀਨ ਪ੍ਰਾਪਤੀ ਸਬੰਧੀ ਪ੍ਰਕਿਰਿਆ ਦੌਰਾਨ ਮੁਲਜ਼ਮ ਸੁਖਦੇਵ ਸਿੰਘ ਨੇ ਫਰਜੀ ਅਮਰੂਦਾਂ ਦੇ ਬਾਗ ਹੋਣ ਬਦਲੇ ਗੈਰ-ਕਾਨੂੰਨੀ ਵੱਧ ਮੁਆਵਜ਼ੇ ਦਾ ਦਾਅਵਾ ਕਰਨ ਦੇ ਇਰਾਦੇ ਨਾਲ ਪਿੰਡ ਬਾਕਰਪੁਰ ਵਿਖੇ 3 ਕਨਾਲ 16 ਮਰਲੇ ਜ਼ਮੀਨ ਖਰੀਦੀ ਸੀ। ਇਸ ਉਪਰੰਤ ਉਸਨੇ ਇਸੇ ਪਿੰਡ ਦੇ ਵਸਨੀਕ, ਮੁੱਖ ਮੁਲਜ਼ਮ ਭੁਪਿੰਦਰ ਸਿੰਘ ਨਾਲ ਮਿਲ ਕੇ ਪਿੰਡ ਦੀ ਅਕਵਾਇਰ ਕੀਤੀ ਜਾਣ ਵਾਲੀ ਜ਼ਮੀਨ 'ਤੇ ਅਮਰੂਦ ਦੇ ਪੁਰਾਣੇ ਬਾਗ ਮੌਜੂਦ ਹੋਣ ਨੂੰ ਸਾਬਤ ਕਰਨ ਦੀ ਸਾਜ਼ਿਸ਼ ਰਚੀ। ਉਸਨੇ ਧੋਖਾਧੜੀ

ਨਾਲ ਬੂਟਿਆਂ ਦਾ ਮੁਲਾਂਕਣ ਕਰਨ ਮੌਕੇ ਤਿੰਨ ਸਾਲ ਤੋਂ ਪੁਰਾਣੇ ਹੋਣ ਅਤੇ ਉਹਨਾਂ ਬੂਟਿਆਂ ਨੂੰ ਫ਼ਲ ਦੇਣ ਵਾਲੇ ਰੁੱਖਾਂ ਦੀ ਸ਼੍ਰੇਣੀ ਅਧੀਨ ਮੁਆਵਜ਼ੇ ਲਈ ਯੋਗ ਦਰਸਾਉਣ ਵਾਸਤੇ ਸਬੰਧਤ ਬਾਗਬਾਨੀ ਵਿਕਾਸ ਅਧਿਕਾਰੀ ਨਾਲ ਮਿਲੀਭੁਗਤ ਵੀ ਕੀਤੀ। ਭੁਪਿੰਦਰ ਸਿੰਘ ਮਾਲ ਪਟਵਾਰੀ ਬਚਿੱਤਰ ਸਿੰਘ ਨਾਲ ਮਿਲ ਕੇ ਪੱਕੇ ਅਮਰੂਦਾਂ ਦੇ ਬਾਗ ਮੌਜੂਦ ਹੋਣ ਨੂੰ ਸਹੀ ਦਰਸਾਉਣ ਲਈ ਜ਼ਮੀਨੀ ਰਿਕਾਰਡ ਵਿੱਚ ਹੇਰਾਫੇਰੀ ਕਰਨ ਵਿੱਚ ਵੀ ਕਾਮਯਾਬ ਰਿਹਾ। ਇਸ ਤੋਂ ਬਾਅਦ ਸੁਖਦੇਵ ਸਿੰਘ ਅਤੇ ਉਸਦੀ ਪਤਨੀ ਹਰਬਿੰਦਰ ਕੌਰ ਨੇ ਧੋਖਾਧੜੀ ਨਾਲ ਗਮਾਡਾ ਤੋਂ 12 crore ਰੁਪਏ ਪ੍ਰਾਪਤ ਕੀਤੇ। ਵਿਜੀਲੈਂਸ ਬਿਓਰੋ ਦੇ ਸੂਤਰਾਂ ਨੇ ਦੱਸਿਆ ਏ ਕੇ ਲਾਭ ਪ੍ਰਾਪਤ ਕਰਨ ਵਾਲੇ ਸਹਿ-ਮੁਲਜ਼ਮਾਂ ਵੱਲੋਂ ਹੁਣ ਤੱਕ 86 ਕਰੋੜ ਰੁਪਏ ਜਮ੍ਹਾਂ ਕਰਵਾਏ ਜਾ ਚੁੱਕੇ ਹਨ ਅਤੇ 12 ਕਰੋੜ ਰੁਪਏ ਦੀ ਇਸ ਮੁਲਜਮ ਤੋਂ ਕੀਤੀ ਜਾਣ ਵਾਲੀ ਰਿਕਵਰੀ ਨਾਲ ਵਾਪਸ ਹੋਣ ਵਾਲੀ ਮੁਆਵਜ਼ੇ ਦੀ ਕੁੱਲ ਰਕਮ 100 ਕਰੋੜ ਰੁਪਏ ਹੋ ਜਾਵੇਗੀ। ਇਸ ਕੇਸ ਵਿੱਚ ਹੁਣ ਤੱਕ ਕੁੱਲ 7 ਸਰਕਾਰੀ ਮੁਲਾਜ਼ਮ ਅਤੇ 16 ਆਮ

ਵਿਅਕਤੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ ਅਤੇ ਅਗਲੇਰੀ ਜਾਂਚ ਜਾਰੀ ਹੈ।

----------------------------------------------------------

ਉਘੀ ਫਿਲਮ ਅਦਾਕਾਰਾ ਦੀਪਿਕਾ ਪਾਦੂਕੋਣ ਨੇ ਵਿਦਿਆਰਥੀਆਂ ਨੂੰ, ਅਸਫ਼ਲਤਾ ਦੇ ਡਰ ਦੀ ਚਿੰਤਾ ਕੀਤੇ ਬਿਨਾਂ ਆਪਣੀ ਤਾਕਤ ਵੱਲ ਧਿਆਨ ਦੇਣ ਅਤੇ ਆਪਣੀਆਂ ਕਮਜ਼ੋਰੀਆਂ ਨੂੰ ਦੂਰ ਕਰਨ ਦੀ ਅਪੀਲ ਕੀਤੀ ਏ । ਦੀਪਿਕਾ ਪਾਦੁਕੋਣ 'ਪਰੀਕਸ਼ਾ ਪੇ ਚਰਚਾ-2025 "ਦੇ ਦੂਜੇ ਐਪੀਸੋਡ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕਰ ਰਹੇ ਸਨ । ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਪਸ਼ਟਤਾ ਅਤੇ ਵਿਸ਼ਵਾਸ ਨਾਲ ਚੁਣੌਤੀਆਂ ਦਾ ਸਾਹਮਣਾ ਕਰਨਾ ਚਾਹੀਦਾ ਏ ਅਤੇ ਜੇ ਕੋਈ ਗਲਤੀ ਹੁੰਦੀ ਏ ਤਾਂ ਘਬਰਾਉਣਾ ਨਹੀਂ ਚਾਹੀਦਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਵਿਦਿਆਰਥੀਆਂ ਨਾਲ ਗੱਲਬਾਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀਆਂ ਭਾਵਨਾਵਾਂ ਜ਼ਾਹਰ ਕਰਨੀਆਂ ਚਾਹੀਦੀਆਂ ਨੇ ਅਤੇ ਕਦੇ ਵੀ ਉਨ੍ਹਾਂ ਨੂੰ ਨਹੀਂ ਦਬਾਉਣਾ ਚਾਹੀਦਾ। ਉਨ੍ਹਾਂ ਵਿਦਿਆਰਥੀਆਂ ਨੂੰ ਲੋੜ ਪੈਣ 'ਤੇ ਪਰਿਵਾਰ ਅਤੇ ਦੋਸਤਾਂ ਨਾਲ ਖੁੱਲ੍ਹ ਕੇ

ਗੱਲ ਕਰਨ ਦੀ ਅਪੀਲ ਕੀਤੀ । ਉਨ੍ਹਾਂ ਕਿਹਾ ਕਿ ਚੰਗੀ ਨੀਂਦ ਤੇ ਲੋੜੀਂਦੀ ਧੁੱਪ ਲੈਣਾ ਅਤੇ ਜੇ ਕੋਈ ਤਣਾਅ ਅਤੇ ਮਾਨਸਿਕ ਸਿਹਤ ਦੇ ਮੁੱਦਿਆਂ ਨਾਲ ਜੂਝ ਰਿਹਾ ਏ ਤਾਂ ਹਮੇਸ਼ਾ ਮਦਦ ਲਈ ਪਹੁੰਚਣਾ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਮਾਨਸਿਕ ਸਿਹਤ ਦੇ ਮੁੱਦਿਆਂ ਨੂੰ ਕਲੰਕ ਨਹੀਂ ਮੰਨਿਆ ਜਾਣਾ ਚਾਹੀਦਾ ਅਤੇ ਅਜਿਹੀ ਕਿਸੇ ਵੀ ਸਮੱਸਿਆ ਦਾ ਸਾਹਮਣਾ ਕਰ ਰਹੇ ਲੋਕਾਂ ਨੂੰ, ਹਮੇਸ਼ਾ ਆਪਣੀਆਂ ਭਾਵਨਾਵਾਂ ਜ਼ਾਹਰ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਪ੍ਰੀਖਿਆਵਾਂ ਦੌਰਾਨ ਆਪਣੇ ਬੱਚਿਆਂ 'ਤੇ ਜ਼ਿਆਦਾ ਦਬਾਅ ਪਾਉਣ ਤੋਂ ਗੁਰੇਜ਼ ਕਰਨ । ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬੱਚੇ ਦੀ ਸਮਰੱਥਾ ਰਵਾਇਤੀ ਸਿੱਖਿਆ ਤੋਂ ਇਲਾਵਾ ਹੋਰ ਖੇਤਰਾਂ ਵਿੱਚ ਵੀ ਹੋ ਸਕਦੀ ਏ । ਸ਼੍ਰੀਮਤੀ ਪਾਦੁਕੋਣ ਨੇ ਕਿਹਾ ਕਿ ਤਣਾਅ ਮਹਿਸੂਸ ਕਰਨਾ ਸੁਭਾਵਿਕ ਏ ਅਤੇ ਇਹ ਮਹੱਤਵਪੂਰਨ ਹੈ ਕਿ ਵਿਦਿਆਰਥੀ ਇਸ ਨੂੰ ਸੰਭਾਲਣਾ ਸਿੱਖਣ। ਉਨ੍ਹਾਂ ਕਿਹਾ ਕਿ ਇੱਕ ਵਿਦਿਆਰਥੀ ਕਿਸੇ ਵੀ ਵਿਸ਼ੇ ਵਿੱਚ ਕਮਜ਼ੋਰ ਹੋ ਸਕਦਾ ਏ ਪਰ ਅਜਿਹੀਆਂ ਕਮਜ਼ੋਰੀਆਂ ਨੂੰ ਦੂਰ ਕਰਨ ਲਈ ਹਮੇਸ਼ਾ ਇੱਕ ਵੱਖਰੀ ਪਹੁੰਚ ਹੁੰਦੀ ਏ ।

---------------------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਉਹ 14ਵੀਂ ਸਦੀ ਦੇ ਮਹਾਨ ਸੰਤ ਸਨ। ਉਨ੍ਹਾਂ ਦੇ ਪੈਰੋਕਾਰ ਹਰ ਸਾਲ ਮਾਘੀ ਪੂਰਨਿਮਾ 'ਤੇ ਵਾਰਾਣਸੀ ਦੇ ਸੀਰ ਗੋਵਰਧਨ-ਪੁਰ ਵਿੱਚ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਵਿੱਚ ਉਨ੍ਹਾਂ ਦਾ ਜਨਮ ਦਿਵਸ ਮਨਾਉਣ ਲਈ ਇਕੱਤਰ ਹੁੰਦੇ ਨੇ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ। ਇੱਕ ਸੰਦੇਸ਼ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਇੱਕ ਮਹਾਨ ਭਾਰਤੀ ਸੰਤ ਸਨ, ਜਿਨ੍ਹਾਂ ਨੇ ਆਪਣੀਆਂ ਲਿਖਤਾਂ ਰਾਹੀਂ ਸਾਰਿਆਂ ਨੂੰ ਏਕਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦੀ ਰੂਹਾਨੀ ਕਵਿਤਾ, ਜਾਤ ਅਤੇ ਧਰਮ ਦੀਆਂ ਰੁਕਾਵਟਾਂ ਨੂੰ ਪਾਰ ਕਰਦੀ ਏ ਅਤੇ ਸਾਰੀ ਮਨੁੱਖਤਾ ਨੂੰ ਪ੍ਰੇਰਿਤ ਕਰਦੀ ਏ। ਉਨ੍ਹਾਂ ਕਿਹਾ, ਸੰਤ ਰਵਿਦਾਸ ਦਾ

ਜੀਵਨ ਸਮਾਜ ਦੇ ਸਾਰੇ ਵਰਗਾਂ ਲਈ ਪ੍ਰੇਰਨਾ ਸਰੋਤ ਏ। ਰਾਸ਼ਟਰਪਤੀ ਨੇ ਸਾਰਿਆਂ ਨੂੰ ਸ਼ਰਧਾ, ਹਮਦਰਦੀ ਅਤੇ ਨਿਰਸਵਾਰਥ ਸੇਵਾ ਦੇ ਸੰਦੇਸ਼ ਨੂੰ ਗ੍ਰਹਿਣ ਕਰਨ, ਇਸ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਅਤੇ ਇੱਕ ਸਮਾਵੇਸ਼ੀ ਸਮਾਜ ਅਤੇ ਇੱਕ ਵਿਕਸਤ ਰਾਸ਼ਟਰ ਬਣਾਉਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਸੰਤ ਗੁਰੂ ਰਵਿਦਾਸ ਜੀ ਨੂੰ ਉਨ੍ਹਾਂ ਦੇ ਪ੍ਰਕਾਸ਼ ਪੁਰਬ 'ਤੇ ਨਮਨ ਕੀਤਾ ਏ। ਐਕਸ ਤੇ ਸਾਂਝੀ ਕੀਤੀ  ਇਕ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਸਮਾਜ ਤੋਂ ਵਿਤਕਰੇ ਨੂੰ ਖ਼ਤਮ ਕਰਨ ਲਈ, ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸੇਵਾ, ਸਦਭਾਵਨਾ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨਾਲ ਭਰਪੂਰ ਉਨ੍ਹਾਂ ਦੇ ਸੰਦੇਸ਼, ਹਮੇਸ਼ਾ ਸਮਾਜ ਦੇ ਕਮਜ਼ੋਰ ਅਤੇ ਵਾਂਝੇ ਵਰਗਾਂ ਦੀ ਭਲਾਈ ਲਈ ਮਾਰਗ ਦਰਸ਼ਕ ਬਣੇ ਰਹਿਣਗੇ।

--------------------------------------------------------

ਸ੍ਰੀ ਗੁਰੂ ਰਵਿਦਾਸ ਜੀ ਦਾ 648 ਵਾਂ ਪ੍ਰਕਾਸ਼ ਪੁਰਬ ਜਲੰਧਰ ਸਮੇਤ

ਪੰਜਾਬ ਵਿਚ ਵੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ ।

ਪੰਜਾਬ ਸਰਕਾਰ ਵੱਲੋਂ ਜਲੰਧਰ ਵਿਖੇ ਸੂਬਾ ਪੱਧਰੀ ਸਮਾਗਮ ਵਿੱਚ ਪੰਜਾਬ ਦੇ ਸੁਤੰਤਰਤਾ ਸੈਨਾਨੀ, ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਦਿਆਂ ਆਦਰਸ਼ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦੀ ਲੋੜ ’ਤੇ ਜ਼ੋਰ ਦਿੱਤਾ । ਕੈਬਨਿਟ ਮੰਤਰੀ ਨੇ ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਜੀਵਨ ਅਤੇ ਫ਼ਲਸਫਾ ਸਮੁੱਚੀ ਮਨੁੱਖਤਾ ਲਈ ਰਾਹ ਦਸੇਰਾ ਏ । ਲੋਕਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਸ਼੍ਰੀ ਭਗਤ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਨੂੰ 25 ਲੱਖ ਰੁਪਏ ਦੇਣ ਦਾ ਐਲਾਨ ਕੀਤਾ । ਉਨ੍ਹਾਂ ਪ੍ਰਬੰਧਕਾਂ ਨੂੰ ਭਵਿੱਖ ਦੇ ਪ੍ਰਾਜੈਕਟਾਂ ਸਬੰਧੀ ਤਜਵੀਜ਼ ਬਣਾ ਕੇ ਭੇਜਣ ਲਈ ਵੀ ਕਿਹਾ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਵਿਸ਼ਾਲ ਸਿੰਘ ਨੇ ਭਗਤ ਰਵਿਦਾਸ ਜੀ ਦੇ ਜੀਵਨ ਬਾਰੇ ਵਿਚਾਰ ਸਾਂਝੇ ਕੀਤੇ।

---------------------------------------------------

ਡੇਰਾ ਸਵਾਮੀ ਜਗਤ ਗਿਰੀ ਜੀ ਮਹਾਰਾਜ ਪਠਾਨਕੋਟ ਵਿਖੇ ਪ੍ਰਕਾਸ ਪੂਰਵ ਤੇ ਸਤਸੰਗ ਅਤੇ ਖੂਨ ਦਾਨ ਕੈਂਪ ਲਗਾਇਆ ਗਿਆ । ਇਸ ਕੈਂਪ 250 ਯੂਨਿਟ ਖੂਨ ਦਾਨ ਕੀਤੇ ਗਏ। ਡਾ. ਮੋਹਣ ਲਾਲ ਅੱਤਰੀ ਹਸਪਤਾਲ ਮਨਵਾਲ ਵੱਲੋਂ ਵਲੋਂ ਲਾਏ ਮੈਡੀਕਲ ਕੈਂਪ ਵੱਲੋਂ ਲੋਕਾਂ ਦੀ ਜਾਂਚ ਕੀਤੀ ਗਈ ਅਤੇ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਓਧਰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਸੰਤ ਸਾਹਿਤ ਅਧਿਐਨ ਦੀ ਗੁਰੂ ਰਵਿਦਾਸ ਚੇਅਰ ਨੇ ਕੈਂਪਸ ਵਿਖੇ "ਸਮਕਾਲੀ ਯੁੱਗ ਵਿੱਚ ਗੁਰੂ

ਰਵਿਦਾਸ ਦੀ ਵਿਚਾਰਧਾਰਾ ਦੀ ਸਾਰਥਕਤਾ" ਸਿਰਲੇਖ ਨਾਲ ਇੱਕ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ।

-------------------------------------------------------

ਪਟਿਆਲਾ ਸ਼ਹਿਰ ਕੱਲ ਤੋਂ ਸ਼ੁਰੂ ਹੋਣ ਜਾ ਰਹੇ ਪਟਿਆਲਾ ਵਿਰਾਸਤੀ ਉਤਸਵ ਤੇ 14 ਫਰਵਰੀ ਤੋਂ ਸ਼ੀਸ਼ ਮਹਿਲ ਵਿਖੇ ਲੱਗਣ ਵਾਲੇ ਸਰਸ ਮੇਲੇ ਦੀ ਮੇਜ਼ਬਾਨੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ । ਅੱਜ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਸ਼ਹਿਰ ਦੇ ਵੱਖ ਵੱਖ ਸਥਾਨਾਂ 'ਤੇ ਹੋਣ ਵਾਲੇ ਪਟਿਆਲਾ ਵਿਰਾਸਤੀ ਉਤਸਵ ਦੇ ਸਮਾਗਮਾਂ ਦੀਆਂ ਤਿਆਰੀਆਂ ਦਾ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ। BYTE: ਸ਼ੀਸ਼ ਮਹਿਲ ਵਿਖੇ ਲੱਗਣ ਵਾਲੇ ਸਰਸ ਮੇਲੇ ਦੀ ਟਿਕਟ 20 ਰੁਪਏ ਰੱਖੀ ਗਈ ਏ। ਉਨ੍ਹਾਂ ਦੱਸਿਆ ਲੋਕਾਂ ਦੀ ਸਹੂਲਤ ਲਈ ਪਾਰਕਿੰਗ ਸਮੇਤ ਸੁਚਾਰੂ ਟਰੈਫ਼ਿਕ ਲਈ, ਪੂਰੇ ਪ੍ਰਬੰਧ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੇ ਗਏ ਨੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਸ ਮੇਲੇ 'ਚ ਉਤਰ ਖੇਤਰੀ ਸੱਭਿਆਚਾਰਕ ਕੇਂਦਰ ਵੱਲੋਂ 16 ਸੂਬਿਆਂ

ਦੇ 300 ਤੋਂ ਵਧੇਰੇ ਕਲਾਕਾਰਾਂ ਦੀਆਂ ਪੇਸ਼ਕਾਰੀਆਂ ਦਾ ਪ੍ਰਬੰਧ ਕੀਤਾ ਗਿਆ ਏ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਸ਼ਾ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼ 5 ਵਿਅਕਤੀਆ ਨੂੰ 2 ਕਿਲੋ 251 ਗ੍ਰਾਮ ਹੈਰੋਇਨ, ਇਕ ਲੱਖ 5 ਹਜਾਰ ਰੁਪਏ ਡਰੱਗ ਮਨੀ ਤੇ ਇਕ ਪਿਸਤੌਲ ਸਮੇਤ ਕਾਬੂ ਕੀਤਾ ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ਕਿ ਫੜੇ ਗਏ ਨਸ਼ਾ ਤਸਕਰਾਂ ਦੀ ਪਛਾਣ ਕਿਰਤਪਾਲ ਸਿੰਘ ਉਰਫ ਕਿਰਤ ,ਕਰਨਬੀਰ ਸਿੰਘ ਉਰਫ ਕਰਨ, ਸੁਖਦੀਪ ਸਿੰਘ , ਪਿਆਰਾ ਸਿੰਘ , ਪੰਕਜ ਵਰਮਾ ਵਜੋਂ ਹੋਈ ਏ। ਇਸ ਸਾਰੇ ਗੁਰਦਾਸਪੁਰ ਤੇ ਅੰਮ੍ਰਿਤਸਰ ਦੇ ਰਹਿਣ ਵਾਲੇ ਨੇ ਉਨ੍ਹਾਂ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਵਿਸ਼ੇਸ਼ ਮੁਹਿੰਮ ਚਲਾ ਕੇ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਏ ਈ ਪੁਲਿਸ ਨੇ ਇਨਾ ਦੀ ਕਾਰ ਨੂੰ ਵੀ ਜ਼ਬਤ ਕੀਤਾ ਏ । ਉਨ੍ਹਾਂ ਦੱਸਿਆ ਕਿ ਮੁੱਢਲੀ ਪੜਤਾਲ ਅਨੁਸਾਰ ਪਤਾ ਲਗਿਆ ਏ ਕਿ ਕਿ ਫਰਾਂਸ ਵਿੱਚ ਰਹਿੰਦੇ ਇੱਕ ਵਿਅਕਤੀ ਦੇ ਸੰਬਧ ਪਾਕਿਸਤਾਨ ਅਧਾਰਤ

ਨਸ਼ਾ ਤਸਕਰਾਂ  ਦੇ ਨਾਲ ਨੇ ਜੋ ਹੈਰੋਇਨ ਦੀ ਇਹ ਖੇਪ  ਪਾਕਿਸਤਾਨ ਅਧਾਰਤ ਤਸਕਰਾਂ  ਤੋਂ ਗੁਰਦਾਸਪੁਰ ਦੇ ਸਰਹੱਦੀ ਇਲਾਕਿਆ ਤੋਂ ਡਰੋਨ ਰਾਹੀ ਭੇਜਦਾ ਸੀ ਤੇ ਅੱਗੋ ਇਹ ਦੋਸ਼ੀ ਹੈਰੋਇਨ ਵੱਖ ਵੱਖ ਥਾਵਾ ਤੇ ਸਪਲਾਈ ਕਰਦੇ ਸਨ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵੱਲੋਂ ਹੁਣ ਤੱਕ ਖਰੀਦੀ ਗਈ ਨਸ਼ੀਲੇ ਪਦਾਰਥਾਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਯਤਨ ਕੀਤੇ ਜਾ ਰਹੇ ਨੇ ।

---------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨੇ ਅੱਜ ਫਰਾਂਸ ਦੇ ਮਾਰਸੇ  ਵਿੱਚ, ਪਹਿਲੇ ਭਾਰਤੀ ਕੌਂਸਲੇਟ ਦਾ ਉਦਘਾਟਨ ਕੀਤਾ ।
- ਪੰਜਾਬ ਵਿਜੀਲੈਂਸ ਬਿਊਰੋ ਨੇ ਸਾਲ 2016-17 ਵਿੱਚ ਮੋਹਾਲੀ ਜ਼ਿਲੇ ਦੇ ਪਿੰਡ ਬਾਕਰਪੁਰ ਵਿੱਚ ਹੋਏ 'ਅਮਰੂਦ ਬਾਗ ਘੁਟਾਲੇ' ਦੇ ਸਹਿ-ਮੁਲਜ਼ਮ ਸੁਖਦੇਵ ਸਿੰਘ ਨੂੰ ਕੀਤਾ ਗ੍ਰਿਫ਼ਤਾਰ ।

- ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਸ੍ਰੀ ਗੁਰੂ ਰਵਿਦਾਸ ਜੀ ਦਾ 648ਵਾਂ ਪ੍ਰਕਾਸ਼ ਪੁਰਬ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ- ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਵਧਾਈ ਦਿੱਤੀ।
- ਇਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਜਲੰਧਰ ’ਚ - ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਨੂੰ 25 ਲੱਖ ਰੁਪਏ ਦੇਣ ਦਾ ਕੀਤਾ ਐਲਾਨ।
- ਪਟਿਆਲਾ ਵਿਚ ਕੱਲ ਤੋਂ ਸ਼ੁਰੂ ਹੋਣ ਜਾ ਰਹੇ ਪਟਿਆਲਾ ਵਿਰਾਸਤੀ ਮੇਲੇ ਅਤੇ 14 ਫਰਵਰੀ ਤੋਂ ਸ਼ੀਸ਼ ਮਹਿਲ ਵਿਖੇ ਲੱਗਣ ਵਾਲੇ ਸਰਸ ਮੇਲੇ ਦੀਆਂ ਤਿਆਰੀਆਂ ਮੁਕੰਮਲ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5 ਨਸ਼ਾ ਤਸਕਰਾਂ ਨੂੰ 2 ਕਿਲੋ ਤੋਂ ਵੱਧ ਹੈਰੋਇਨ, ਡਰੱਗ ਮਨੀ ਅਤੇ ਇਕ ਪਿਸਤੌਲ ਸਮੇਤ ਕੀਤਾ ਕਾਬੂ।